# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 18:20

**ਮਿਤੀ : 09-10-2025**

**ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਮੁੰਬਈ ਵਿੱਚ ਬ੍ਰਿਟੇਨ ਦੇ ਪ੍ਰਧਾਨ ਮੰਤਰੀ ਕੀਰ ਸਟਾਰਮਰ ਨਾਲ ਵਫ਼ਦ ਪੱਧਰੀ ਗੱਲਬਾਤ ਕੀਤੀ- ਦੋਵਾਂ ਆਗੂਆਂ ਨੇ ਸਿੱਖਿਆ, ਤਕਨਾਲੋਜੀ, ਰੱਖਿਆ ਅਤੇ ਮਹੱਤਵਪੂਰਨ ਖਣਿਜਾਂ ਵਰਗੇ ਪ੍ਰਮੁੱਖ ਖੇਤਰਾਂ ਵਿੱਚ ਆਰਥਿਕ ਸਹਿਯੋਗ ਵਧਾਉਣ ਦੀ ਆਪਣੀ ਵਚਨਬੱਧਤਾ ਦੁਹਰਾਈ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵਲੋਂ ਬਠਿੰਡਾ ਦੇ ਪਿੰਡ ਕਾਲਝਰਾਣੀ ਤੋਂ 3100 ਤੋਂ ਵੱਧ ਅਤਿ-ਆਧੁਨਿਕ ਸਟੇਡੀਅਮਾਂ ਦੇ ਨਿਰਮਾਣ ਪ੍ਰਾਜੈਕਟ ਦੀ ਸ਼ੁਰੂਆਤ ।
- ਭਾਰਤੀ ਜਨਤਾ ਪਾਰਟੀ ਪੰਜਾਬ ਦੇ ਜਨਰਲ ਸਕੱਤਰ ਅਨਿਲ ਸਰੀਨ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸੂਬੇ ਵਿੱਚ ਆਏ ਹੜ੍ਹਾਂ ਨਾਲ ਨਜਿੱਠਣ ਵਿੱਚ ਮੁਕੰਮਲ ਅਸਫ਼ਲਤਾ ਨੂੰ ਲੈ ਕੇ ਇੱਕ ਚਾਰਜਸ਼ੀਟ ਜਾਰੀ ਕੀਤੀ ।

- ਪੰਜਾਬ ਦੇ ਉੱਘੇ ਗਾਇਕ ਰਾਜਵੀਰ ਜਵੰਦਾ ਦਾ ਅੱਜ ਉਨ੍ਹਾਂ ਦੇ ਜੱਦੀ ਪਿੰਡ ਪੋਨਾ ਵਿੱਚ ਅੰਤਿਮ ਸਸਕਾਰ ਕੀਤਾ ਗਿਆ।
- ਪੰਜਾਬ ਪੁਲਿਸ ਨੇ ਬੱਬਰ ਖਾਲਸਾ ਇੰਟਰਨੈਸ਼ਨਲ ਦੇ ਦਹਿਸ਼ਤਗਰਦੀ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਇਸਦੇ ਦੇ 2 ਕਾਰਕੁਨਾਂ ਨੂੰ ਢਾਈ ਕਿਲੋਗ੍ਰਾਮ ਵਿਸਫੋਟਕ ਸਮੱਗਰੀ ਆਰ.ਡੀ.ਐਕਸ ਸਮੇਤ ਕੀਤਾ ਗ੍ਰਿਫ਼ਤਾਰ ।

**<u>ਹੁਣ ਖਬਰਾਂ ਵਿਸਥਾਰ ਨਾਲ</u>**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ ਅਤੇ ਬ੍ਰਿਟੇਨ ਕੁਦਰਤੀ ਭਾਈਵਾਲ ਨੇ ਅਤੇ ਲੋਕਤੰਤਰ, ਆਜ਼ਾਦੀ ਅਤੇ ਕਾਨੂੰਨ ਦਾ ਰਾਜ ਉਨ੍ਹਾਂ ਦੇ ਸਬੰਧਾਂ ਦੀ ਬੁਨਿਆਦ ਨੇ । ਮੁੰਬਈ ਵਿੱਚ ਬ੍ਰਿਟੇਨ ਦੇ ਪ੍ਰਧਾਨ ਮੰਤਰੀ ਕੀਰ ਸਟਾਰਮਰ ਨਾਲ ਇੱਕ ਸਾਂਝੀ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਸ਼੍ਰੀ ਮੋਦੀ ਨੇ ਕਿਹਾ ਕਿ ਦੋਵੇਂ ਦੇਸ਼ ਵਿਸ਼ਵ-ਵਿਆਪੀ ਸਥਿਰਤਾ ਅਤੇ ਆਰਥਿਕ ਤਰੱਕੀ ਲਈ ਵਚਨਬੱਧ ਨੇ।

BYTE

ਭਾਰਤ-ਬ੍ਰਿਟੇਨ ਵਿਆਪਕ ਆਰਥਿਕ ਅਤੇ ਵਪਾਰ ਸਮਝੌਤੇ ਬਾਰੇ, ਸ਼੍ਰੀ ਮੋਦੀ ਨੇ ਕਿਹਾ ਕਿ ਇਹ ਦੋਵਾਂ ਦੇਸ਼ਾਂ ਵਿਚਕਾਰ ਵਪਾਰ ਵਧਾਏਗਾ, ਜਿਸ ਨਾਲ ਉਦਯੋਗ ਅਤੇ ਖਪਤਕਾਰਾਂ ਦੋਵਾਂ ਨੂੰ ਲਾਭ ਹੋਵੇਗਾ।

ਸ਼੍ਰੀ ਮੋਦੀ ਨੂੰ ਉਨ੍ਹਾਂ ਦੇ ਦ੍ਰਿਸ਼ਟੀਕੋਣ ਅਤੇ 2047 ਤੱਕ ਵਿਕਸਤ ਭਾਰਤ ਪ੍ਰਾਪਤ ਕਰਨ ਦੇ ਯਤਨਾਂ ਵਿੱਚ ਸ਼ੁਭਕਾਮਨਾਵਾਂ ਦਿੰਦੇ ਹੋਏ, ਸ਼੍ਰੀ ਸਟਾਰਮਰ ਨੇ ਕਿਹਾ ਕਿ ਭਾਰਤ ਆਪਣੇ ਮਿਸ਼ਨ ਨੂੰ ਪ੍ਰਾਪਤ ਕਰਨ ਲਈ ਸਹੀ ਰਸਤੇ 'ਤੇ ਏ  ਅਤੇ ਬ੍ਰਿਟੇਨ ਇਸ ਯਾਤਰਾ ਵਿੱਚ ਇੱਕ ਭਾਈਵਾਲ ਬਣਨਾ ਚਾਹੇਗਾ।

---------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਬਠਿੰਡਾ ਜ਼ਿਲ੍ਹੇ ਦੇ ਪਿੰਡ ਕਾਲਝਰਾਣੀ ਵਿਖੇ ਇੱਕ ਸਮਾਗਮ ਦੌਰਾਨ ਸੂਬੇ ਭਰ ਵਿੱਚ 3100 ਤੋਂ ਵੱਧ ਖੇਡ ਸਟੇਡੀਅਮਾਂ ਦਾ ਨੀਂਹ ਪੱਥਰ ਰੱਖਿਆ । 1 ਹਜ਼ਾਰ 194 ਕਰੋੜ ਰੁਪਏ ਦੇ ਨਿਵੇਸ਼ ਨਾਲ ਸਬੰਧਤ ਇਹ ਪ੍ਰੋਜੈਕਟ, ਪੇਂਡੂ ਖੇਡ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਨੌਜਵਾਨ ਖੇਡ ਪ੍ਰਤਿਭਾ ਨੂੰ ਪਾਲਣ ਲਈ ਪੰਜਾਬ ਸਰਕਾਰ ਦੀ ਪਹਿਲਕਦਮੀ ਦਾ ਹਿੱਸਾ ਨੇ । ਇਹ ਬਹੁ-ਮੰਤਵੀ ਸਟੇਡੀਅਮ ਵੱਖ-ਵੱਖ ਖੇਡਾਂ ਲਈ ਆਧੁਨਿਕ ਸਿਖਲਾਈ ਸਹੂਲਤਾਂ ਪ੍ਰਦਾਨ ਕਰਨ, ਨੌਜਵਾਨਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਅਤੇ ਨਸ਼ਿਆਂ ਤੋਂ ਦੂਰ ਰਹਿਣ ਲਈ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਬਣਾਏ ਜਾਣਗੇ। ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਪੰਜਾਬ ਨੇ ਬਹੁਤ ਸਾਰੇ ਖਿਡਾਰੀ ਪੈਦਾ ਕੀਤੇ ਹਨ ਜਿਨ੍ਹਾਂ ਨੇ ਦੇਸ਼ ਦਾ ਮਾਣ ਵਧਾਇਆ ਏ , ਅਤੇ ਸਰਕਾਰ

ਦਾ ਦ੍ਰਿਸ਼ਟੀਕੋਣ ਪੰਜਾਬ ਦੀ ਖੇਡ ਸ਼ਾਨ ਨੂੰ ਵਾਪਸ ਲਿਆਉਣਾ ਏ ।
BYTE
ਉਨ੍ਹਾਂ ਕਿਹਾ ਕਿ ਸਹੀ ਸਹੂਲਤਾਂ ਅਤੇ ਵਾਤਾਵਰਣ ਪ੍ਰਦਾਨ ਕਰਨ ਨਾਲ ਨੌਜਵਾਨਾਂ ਦੀ ਊਰਜਾ ਨੂੰ ਸਕਾਰਾਤਮਕ ਦਿਸ਼ਾ ਵਿੱਚ ਲਿਜਾਣ ਵਿੱਚ ਮਦਦ ਮਿਲੇਗੀ। ਉਨ੍ਹਾਂ ਕਿਹਾ ਕਿ ਇਹ ਬਹੁਤ ਮਾਣ ਵਾਲੀ ਗੱਲ ਏ ਕਿ ਪੰਜਾਬੀ ਭਾਰਤੀ ਖੇਡ ਟੀਮਾਂ ਦੇ ਕਪਤਾਨ ਹਨ - ਫਾਜ਼ਿਲਕਾ ਤੋਂ ਭਾਰਤੀ ਕ੍ਰਿਕਟ ਟੀਮ ਦੇ ਸ਼ੁਭਮਨ ਗਿੱਲ, ਮੋਗਾ ਤੋਂ ਰਾਸ਼ਟਰੀ ਮਹਿਲਾ ਟੀਮ ਦੀ ਹਰਮਨਪ੍ਰੀਤ ਕੌਰ ਅਤੇ ਪੰਜਾਬ ਤੋਂ ਹਾਕੀ ਦੇ ਹਰਮਨਦੀਪ ਸਿੰਘ ਇਨਾ ਵਿੱਚ ਸ਼ੁਮਾਰ ਨੇ । ਖਿਡਾਰੀਆਂ ਨੂੰ ਮਿਲਣ ਵਾਲੀ ਰਾਸ਼ੀ ਬਾਰੇ ਊਨਾ ਦਸਿਆ
BYTE
ਇਸ ਮੌਕੇ 'ਤੇ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਵੀ ਮੌਜੂਦ ਸਨ।

-------------------------------------------------------------------------

ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਵੇਰਕਾ ਮਿਲਕ ਅਤੇ ਕੈਟਲ ਫੀਡ ਪਲਾਂਟ ਆਊਟਸੋਰਸਡ ਮੁਲਾਜ਼ਮ ਜਥੇਬੰਦੀ ਦੀਆਂ ਜਾਇਜ਼ ਮੰਗਾਂ ਦੇ ਹੱਲ ਲਈ ਮਿਲਕਫੈੱਡ ਦੇ ਅਧਿਕਾਰੀਆਂ ਨੂੰ ਤੁਰੰਤ ਇੱਕ ਉੱਚ-ਪੱਧਰੀ ਕਮੇਟੀ ਬਣਾਉਣ ਦੇ ਨਿਰਦੇਸ਼ ਦਿੱਤੇ।

ਇਹ ਨਿਰਦੇਸ਼ ਵੇਰਕਾ ਮੁੱਖ ਦਫ਼ਤਰ ਵਿਖੇ ਜਥੇਬੰਦੀ ਦੇ ਨੁਮਾਇੰਦਿਆਂ ਨਾਲ ਹੋਈ ਮੀਟਿੰਗ ਦੌਰਾਨ ਜਾਰੀ ਕੀਤੇ ਗਏ, ਜਿਸ ਦੌਰਾਨ ਵਿੱਤ ਮੰਤਰੀ  ਨੇ ਯੂਨੀਅਨ ਦੀਆਂ ਮੰਗਾਂ, ਚਿੰਤਾਂਵਾਂ ਅਤੇ ਮੁੱਦਿਆਂ ਨੂੰ ਗੌਰ ਨਾਲ ਸੁਣਿਆ। ਵਿੱਤ ਮੰਤਰੀ ਨੇ ਨਿਰਦੇਸ਼ ਦਿੱਤਾ ਕਿ ਯੂਨੀਅਨ ਦੇ ਮੁੱਦਿਆ ਦੇ ਵਿਆਪਕ ਹੱਲ ਨੂੰ ਯਕੀਨੀ ਬਣਾਉਣ ਲਈ ਵੱਖ-ਵੱਖ ਨੁਮਾਇੰਦਿਆਂ ਦੀ ਇੱਕ ਕਮੇਟੀ ਬਣਾਈ ਜਾਵੇ । ਵਿੱਤ ਮੰਤਰੀ ਚੀਮਾ ਨੇ ਇਸ  ਕਮੇਟੀ ਨੂੰ ਜਥੇਬੰਦੀ ਦੇ ਮੁੱਦਿਆਂ ਦੇ ਹੱਲ ਵਾਸਤੇ ਵਿਸ਼ੇਸ਼ ਤਜਵੀਜ਼ ਤਿਆਰ ਕਰਨ ਦੇ ਨਿਰਦੇਸ਼ ਦਿੱਤੇ। ਇਸ ਤਜਵੀਜ਼ਨੂੰ ਜਲਦ ਅਤੇ ਠੋਸ ਹੱਲ ਲਈ ਬਾਅਦ ਵਿੱਚ ਕੈਬਨਿਟ ਸਬ-ਕਮੇਟੀ ਨੂੰ ਭੇਜਿਆ ਜਾਵੇਗਾ। ਵਿੱਤ ਮੰਤਰੀ ਨੇ ਜਥੇਬੰਦੀ ਦੇ ਨੁਮਾਇੰਦਿਆਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੀਆਂ ਸਾਰੀਆਂ ਜਾਇਜ਼ ਮੰਗਾਂ ਪੂਰੀਆਂ ਕੀਤੀਆਂ ਜਾਣਗੀਆਂ।

----------------------------------------------------------------------

ਭਾਰਤੀ ਜਨਤਾ ਪਾਰਟੀ ਪੰਜਾਬ ਦੇ ਜਨਰਲ ਸਕੱਤਰ ਅਨਿਲ ਸਰੀਨ ਨੇ ਅੱਜ ਪਟਿਆਲਾ ਵਿੱਚ ਇੱਕ ਪ੍ਰੈਸ ਕਾਨਫਰੰਸ ਦੌਰਾਨ, ਮਹਿਲਾ ਮੋਰਚਾ ਪ੍ਰਧਾਨ ਜੈ ਇੰਦਰ ਕੌਰ ਦੇ ਨਾਲ, ਆਮ ਆਦਮੀ ਪਾਰਟੀ  ਦੀ ਸਰਕਾਰ ਵੱਲੋਂ ਸੂਬੇ ਵਿੱਚ ਆਏ ਹੜ੍ਹਾਂ ਨਾਲ ਨਜਿੱਠਣ ਵਿੱਚ ਮੁਕੰਮਲ

ਅਸਫ਼ਲਤਾ ਨੂੰ ਲੈ ਕੇ ਇੱਕ ਚਾਰਜਸ਼ੀਟ ਜਾਰੀ ਕੀਤੀ ਏ। BJP ਨੇ ਆਮ ਆਦਮੀ ਪਾਰਟੀ ਸਰਕਾਰ 'ਤੇ ਹੜ੍ਹ ਨੁਕਸਾਨ ਦੇ ਅੰਕੜੇ ਘੜਨ ਅਤੇ ਲੋਕਾਂ ਨੂੰ ਗੁੰਮਰਾਹ ਕਰਨ ਦਾ ਦੋਸ਼ ਲਾਇਆ ਏ। ਸ੍ਰੀ ਸਰੀਨ ਨੇ ਆਮ ਆਦਮੀ ਪਾਰਟੀ ਸਰਕਾਰ ਦੀ ਨਿਖੇਧੀ ਕਰਦਿਆਂ ਖੁਲਾਸਾ ਕੀਤਾ ਕਿ CAG ਦੀ ਰਿਪੋਰਟ ਮੁਤਾਬਿਕ ਸਟੇਟ ਡਿਜ਼ਾਸਟਰ ਰਿਸਪਾਂਸ ਫੰਡ (SDRF) ਤਹਿਤ 12 ਹਜ਼ਾਰ 589 ਕਰੋੜ ਦੀ ਰਾਸ਼ੀ ਉਪਲਬਧ ਸੀ, ਪਰ ਪੰਜਾਬ ਸਰਕਾਰ ਨੇ ਘਰਾਂ, ਫਸਲਾਂ ਅਤੇ ਬੁਨਿਆਦੀ ਢਾਂਚੇ ਦੇ ਵਿਆਪਕ ਨੁਕਸਾਨ ਦੇ ਬਾਵਜੂਦ ਸਿਰਫ਼ 70 ਕਰੋੜ ਹੀ ਜਾਰੀ ਕੀਤੇ। ਇਹ ਰਾਸ਼ੀ ਉਪਲਬਧ ਫੰਡਾਂ ਦਾ ਇੱਕ ਬਹੁਤ ਹੀ ਛੋਟਾ ਹਿੱਸਾ ਹੈ, ਜੋ ਫੰਡਾਂ ਦੀ ਸਪੱਸ਼ਟ ਦੁਰਵਰਤੋਂ ਅਤੇ ਪ੍ਰਬੰਧਕੀ ਲਾਪਰਵਾਹੀ ਨੂੰ ਦਰਸਾਉਂਦਾ ਹੈ। BJP ਆਗੂ ਨੇ ਆਮ ਆਦਮੀ ਪਾਰਟੀ ਦੇ ਅੰਕੜਿਆਂ ਦੀ ਹੇਰਾਫੇਰੀ 'ਤੇ ਸਵਾਲ ਚੁੱਕੇ। ਉਨ੍ਹਾਂ ਦੱਸਿਆ ਕਿ ਮੁੱਖ ਸਕੱਤਰ ਦੀ ਰਿਪੋਰਟ ਵਿੱਚ ਹੜ੍ਹ ਕਾਰਨ ਨੁਕਸਾਨ ਦਾ ਅੰਦਾਜ਼ਾ 13,289 ਕਰੋੜ ਲਾਇਆ ਗਿਆ ਸੀ, ਜਦੋਂ ਕਿ 'ਆਪ' ਦੇ ਆਗੂਆਂ ਨੇ ਝੂਠੇ ਤੌਰ 'ਤੇ 20,000 ਕਰੋੜ ਦਾ ਦਾਅਵਾ ਕੀਤਾ। ਸ੍ਰੀ ਸਰੀਨ ਨੇ ਕਿਹਾ ਕਿ

ਅੰਕੜਿਆਂ ਵਿੱਚ ਇਹ ਸਪੱਸ਼ਟ ਗੜਬੜੀਆਂ ਆਮ ਆਦਮੀ ਪਾਰਟੀ ' ਸਰਕਾਰ ਦੀ ਗਲਤ ਬਿਆਨੀ ਦੀ ਕੋਸ਼ਿਸ਼ ਨੂੰ ਬੇਨਕਾਬ ਕਰਦੀਆਂ ਹਨ। ਸ਼੍ਰੀ ਸਰੀਨ ਨੇ  ਕਿਹਾ ਕਿ ਹੜ੍ਹਾਂ ਨੂੰ ਦੋ ਮਹੀਨੇ ਬੀਤ ਜਾਣ ਦੇ ਬਾਵਜੂਦ ਵੀ, ਪੰਜਾਬ ਸਰਕਾਰ ਨੇ ਰਾਹਤ ਸਹਾਇਤਾ ਲਈ ਕੇਂਦਰ ਸਰਕਾਰ ਨੂੰ ਕੋਈ ਮੈਮੋਰੰਡਮ ਪੇਸ਼ ਨਹੀਂ ਕੀਤਾ । BJP ਆਗੂ ਨੇ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ 25 ਕੇਂਦਰੀ ਮੰਤਰੀਆਂ ਨੇ ਹੜ੍ਹਾਂ ਦੀ ਸਥਿਤੀ ਦਾ ਜਾਇਜ਼ਾ ਲੈਣ ਲਈ ਪੰਜਾਬ ਦਾ ਦੌਰਾ ਕੀਤਾ, ਫਿਰ ਵੀ ਸੂਬਾ ਸਰਕਾਰ ਕਾਰਵਾਈ ਕਰਨ ਵਿੱਚ ਅਸਫ਼ਲ ਰਹੀ। ਉਨ੍ਹਾਂ ਨੇ ਦੇਰੀ ਨਾਲ ਕੀਤੀ ਗਈ ਤਿਆਰੀ ਅਤੇ ਗ਼ੈਰ-ਕਾਨੂੰਨੀ ਮਾਈਨਿੰਗ ਨੂੰ 'ਆਪ' ਦੀ ਪੂਰੀ ਲਾਪਰਵਾਹੀ ਦਾ ਪ੍ਰਮਾਣ ਦੱਸਿਆ।

---------------------------------------------------------------------------

ਪੰਜਾਬ ਦੇ ਉੱਘੇ ਗਾਇਕ ਰਾਜਵੀਰ ਜਵੰਦਾ ਦਾ ਉਨ੍ਹਾਂ ਦੇ ਜੱਦੀ ਪਿੰਡ ਪੋਨਾ ਵਿੱਚ ਅੰਤਿਮ ਸਸਕਾਰ ਕੀਤਾ ਗਿਆ । ਸੰਗੀਤ ਅਤੇ ਫਿਲਮ ਜਗਤ ਦੀਆਂ ਹਸਤੀਆਂ ਅਤੇ ਹਜ਼ਾਰਾਂ ਪ੍ਰਸ਼ੰਸਕਾਂ ਨੇ ਉਨ੍ਹਾਂ ਨੂੰ ਨਮ ਅੱਖਾਂ ਨਾਲ ਅੰਤਿਮ ਸ਼ਰਧਾਂਜਲੀ ਤੇ ਵਿਦਾਈ ਦਿੱਤੀ  । ਪੰਜਾਬ ਦੇ ਮੁੱਖ ਮੰਤਰੀ

ਭਗਵੰਤ ਸਿੰਘ ਮਾਨ ਤੇ ਹੋਰ ਆਗੂ ਤੇ ਲੋਕ ਉਹਨਾਂ ਦੇ ਪਿੰਡ ਅੰਤਿਮ ਦਰਸ਼ਨ ਕਰਨ ਲਈ ਪਹੁੰਚੇ I ਜ਼ਿਕਰਯੋਗ ਏ ਕਿ ਉਨ੍ਹਾਂ ਨੂੰ 27 ਸਤੰਬਰ ਨੂੰ ਇੱਕ ਸੜਕ ਹਾਦਸੇ ਤੋਂ ਬਾਅਦ ਬਹੁਤ ਹੀ ਗੰਭੀਰ ਹਾਲਤ ਵਿੱਚ ਦਾਖਲ ਕਰਵਾਇਆ ਗਿਆ ਸੀ, ਜਿਸ ਵਿੱਚ ਰੀੜ੍ਹ ਦੀ ਹੱਡੀ ਦੀਆਂ ਗੰਭੀਰ ਸੱਟਾਂ ਅਤੇ ਦਿਮਾਗ ਨੂੰ ਨੁਕਸਾਨ ਪਹੁੰਚਿਆ ਸੀ । ਵਿਆਪਕ ਡਾਕਟਰੀ ਸਹਾਇਤਾ ਅਤੇ ICU ਅਤੇ ਨਿਊਰੋਸਰਜਰੀ ਟੀਮਾਂ ਵਲੋਂ ਨਿਰੰਤਰ ਨਿਗਰਾਨੀ ਦੇ ਬਾਵਜੂਦ, ਕੱਲ ਜ਼ਿਆਦਾਤਰ ਅੰਗ ਫੇਲ੍ਹ ਹੋਣ ਕਾਰਨ ਉਹ ਦਮ ਤੋੜ ਗਏ ।

------------------------------------------------------------------

ਪੰਜਾਬ ਪੁਲਿਸ ਨੇ ਪਾਕਿਸਤਾਨ ਦੇ ਆਈ.ਐਸ.ਆਈ-ਸਮਰਥਿਤ ਦਹਿਸ਼ਤਗਰਦੀ ਨੈੱਟਵਰਕ ਖਿਲਾਫ ਇੱਕ ਵੱਡੀ ਸਫਲਤਾ ਵਿੱਚ, ਬੱਬਰ ਖਾਲਸਾ ਇੰਟਰਨੈਸ਼ਨਲ ਦੇ ਦਹਿਸ਼ਤਗਰਦੀ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਇਸਦੇ ਦੇ ਦੋ ਕਾਰਕੁਨਾਂ ਨੂੰ ਢਾਈ ਕਿਲੋਗ੍ਰਾਮ ਵਿਸਫੋਟਕ ਸਮੱਗਰੀ ਆਰ.ਡੀ.ਐਕਸ ਸਮੇਤ ਗ੍ਰਿਫ਼ਤਾਰ ਕੀਤਾ ਏ I ਪੁਲਿਸ ਸੂਤਰਾਂ ਅਨੁਸਾਰ, ਜਲੰਧਰ ਤੋਂ ਗੁਰਜਿੰਦਰ ਸਿੰਘ ਅਤੇ ਦੀਵਾਨ ਸਿੰਘ ਤੋਂ ਇਸ

ਵਿਸਫੋਟਕ ਦੇ ਨਾਲ ਇੱਕ  ਆਈ.ਈ.ਡੀ  ਅਤੇ ਇੱਕ ਰਿਮੋਟ ਕੰਟਰੋਲ ਵੀ ਬਰਾਮਦ ਕੀਤਾ ਗਿਆ ਏ । ਇਹ ਮਾਡਿਊਲ ਬਰਤਾਨੀਆਂ -ਅਧਾਰਤ ਹੈਂਡਲਰਾਂ ਦੁਆਰਾ ਇੱਕ ਬੱਬਰ ਖਾਲਸਾ ਇੰਟਰਨੈਸ਼ਨਲ ਦੇ ਮੁਖ ਸਾਜਿਸ਼ਕਰਤਾ  ਹਰਵਿੰਦਰ ਸਿੰਘ ਰਿੰਦਾ ਦੇ ਨਿਰਦੇਸ਼ਾਂ 'ਤੇ ਚਲਾਇਆ ਜਾ ਰਿਹਾ ਸੀ। ਮੁੱਢਲੀ ਜਾਂਚ ਤੋਂ ਪਤਾ ਚੱਲਦਾ ਏ ਕਿ ਆਈ.ਈ.ਡੀ ਇੱਕ ਨਿਸ਼ਾਨਾ ਲਾਕੇ ਕਰਨ ਵਾਲੇ ਦਹਿਸ਼ਤਗਰਦੀ ਹਮਲੇ ਲਈ ਸੀ। ਇਸ ਤੋਂ ਪਹਿਲਾਂ, ਪੁਲਿਸ ਨੇ ਇਸ ਹਫ਼ਤੇ ਅੰਮ੍ਰਿਤਸਰ ਵਿੱਚ ਦੋ ਵੱਖ-ਵੱਖ ਵਿਅਕਤੀਆਂ ਤੋਂ 4 ਹੈਂਡ ਗ੍ਰਨੇਡ ਵੀ ਬਰਾਮਦ ਕੀਤੇ ਹਨ। ਇਹ ਖੇਪ ਪਾਕਿਸਤਾਨ ਦੇ ਆਈ.ਐਸ.ਆਈ ਹੈਂਡਲਰਾਂ ਵਲੋਂ ਪੰਜਾਬ ਵਿੱਚ ਸਰਹੱਦ ਪਾਰ ਤੋਂ ਭੇਜੀ ਗਈ ਸੀ।

---------------------------------------------------------------------

ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਸ੍ਰੀ ਮੁਕਤਸਰ ਸਾਹਿਬ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਅਤੇ ਸਮੂਹ ਸਰਪੰਚਾਂ ਨਾਲ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜਾ ਲੈਣ ਸਬੰਧੀ ਮੀਟਿੰਗ ਕੀਤੀ। ਇਸ ਦੌਰਾਨ ਉਨ੍ਹਾਂ ਸਮੂਹ ਅਧਿਕਾਰੀਆਂ ਨੂੰ ਹੁਕਮ  ਦਿੱਤੇ ਕਿ

ਵਿਕਾਸ ਕਾਰਜਾਂ ਨੂੰ ਮਿੱਥੇ ਸਮੇਂ ਵਿੱਚ ਮੁਕੰਮਲ ਕੀਤਾ ਜਾਵੇ। ਕੈਬਨਿਟ ਮੰਤਰੀ  ਨੇ ਕਿਹਾ ਕਿ  ਸੂਬਾ ਸਰਕਾਰ ਸ਼ਹਿਰਾਂ ਦੇ ਨਾਲ-ਨਾਲ ਪਿੰਡਾਂ ਦੇ ਵਿਕਾਸ ਲਈ ਵੀ ਵਚਨਬੱਧ ਏ ਅਤੇ ਪਿੰਡਾਂ ਵਿੱਚ ਵੀ ਸ਼ਹਿਰਾਂ ਵਰਗੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਸਮੂਹ ਅਧਿਕਾਰੀਆਂ ਅਤੇ ਸਰਪੰਚਾਂ ਨੂੰ ਕਿਹਾ ਕਿ ਬਕਾਇਆ  ਪਏ ਵਿਕਾਸ ਦੇ ਕੰਮਾਂ ਵਿੱਚ ਤੇਜੀ ਲਿਆਉਣ ਦੇ ਨਾਲ ਉਨ੍ਹਾਂ ਨੂੰ ਤੁਰੰਤ ਪ੍ਰਭਾਵ ਨਾਲ ਪੂਰਾ ਕੀਤਾ ਜਾਵੇ ਤਾਂ ਜੋ ਲੋਕਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਦੀ ਸਾਹਮਣਾ ਨਾ ਕਰਨਾ ਪਵੇ।

--------------------------------------------------------------------------------

ਮੁਹਾਲੀ ਜ਼ਿਲ੍ਹੇ ਦੀਆਂ ਸਰਕਾਰੀ ਸਿਹਤ ਸੰਸਥਾਵਾਂ ਵਿਚ ਅੱਜ ਵਿਸ਼ਵ ਦ੍ਰਿਸ਼ਟੀ ਦਿਵਸ ਮਨਾਇਆ ਗਿਆ।  ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਦੱਸਿਆ ਕਿ ਇਹ ਦਿਨ ਮਨਾਉਣ ਦਾ ਮੁੱਖ ਮੰਤਵ ਲੋਕਾਂ ਨੂੰ ਅੱਖਾਂ ਦੀ ਸਾਂਭ ਸੰਭਾਲ ਅਤੇ ਬਿਮਾਰੀਆਂ ਪ੍ਰਤੀ ਜਾਗਰੂਕ ਕਰਨਾ ਅਤੇ ਅੱਖਾਂ ਦੀ ਰੌਸ਼ਨੀ ਨੂੰ ਦਰੁਸਤ ਰੱਖਣ ਲਈ ਕੁੱਝ ਸਾਵਧਾਨੀਆਂ ਅਪਣਾਉਣ ਲਈ ਪ੍ਰੇਰਿਤ ਕਰਨਾ ਏ । ਇਸ ਮੌਕੇ ਮਰੀਜ਼ਾਂ ਦੀਆਂ ਅੱਖਾਂ ਦੀ ਵਿਸ਼ੇਸ਼ ਜਾਂਚ ਵੀ ਕੀਤੀ ਗਈ। ਉਨ੍ਹਾਂ ਦਸਿਆ ਕਿ ਇਸ ਸਾਲ ਦਾ ਥੀਮ -ਅਪਣੀਆਂ

ਅੱਖਾਂ ਨੂੰ ਪਿਆਰ ਕਰੋ ਰੱਖਿਆ ਗਿਆ ਏ। ਬੱਚਿਆਂ ਅਤੇ ਨੌਜਵਾਨਾਂ ਨੂੰ ਮੋਬਾਈਲ, ਲੈਪਟਾਪ, ਟੈਲੀਵਿਜ਼ਨ ਤੇ ਹੋਰ ਡਿਜੀਟਲ ਸਾਧਨਾਂ ਉਤੇ ਬਹੁਤਾ ਸਮਾਂ ਨਹੀਂ ਬਿਤਾਉਣਾ ਚਾਹੀਦਾ। ਡਾ. ਸੰਗੀਤਾ ਜੈਨ ਨੇ ਦਸਿਆ ਨੇ ਕਿਹਾ ਕਿ ਅੱਖਾਂ ਕੁਦਰਤ ਦਾ ਅਨਮੋਲ ਤੋਹਫਾ ਹਨ, ਜਿਸ ਦੀ ਸਾਂਭ ਸੰਭਾਲ ਅਤਿ ਜ਼ਰੂਰੀ ਏ। ਅੱਜ ਕੱਲ੍ਹ ਤਣਾਓ ਭਰਪੂਰ ਸਮਾਂ ਹੈ, ਜਿਸ ਕਰਕੇ ਅੱਖਾਂ ’ਤੇ ਮਾੜਾ ਅਸਰ ਪੈਂਦਾ ਏ। ਇਸ ਲਈ ਸਾਨੂੰ ਤਣਾਓ ਨੂੰ ਘੱਟ ਕਰਨਾ ਚਾਹੀਦਾ ਏ।

---------------------------------------------------------------------------

ਓਧਰ ਜਿਲ੍ਹਾ ਬਠਿੰਡਾ ਦੀਆਂ ਸਿਹਤ ਸੰਸਥਾਵਾਂ ਅਤੇ ਜਨਤਕ ਥਾਵਾਂ ਤੇ ਨੈਸ਼ਨਲ ਪ੍ਰੋਗਰਾਮ ਫਾਰ ਕੰਟਰੋਲ ਆਫ ਬਲਾਈਂਡਨੈਸ ਅਧੀਨ ਜਾਗਰੂਕਤਾ ਮੁਹਿੰਮ ਚਲਾਈ ਗਈ। ਸਿਵਲ ਸਰਜਨ ਡਾ ਤਪਿੰਦਰਜੋਤ ਨੇ ਦੱਸਿਆ ਕਿ ਇਹ ਦਿਨ ਮਨਾਉਣ ਦਾ ਮਕਸਦ ਆਮ ਲੋਕਾਂ ਨੂੰ ਅੱਖਾਂ ਦੀ ਬਿਮਾਰੀਆਂ ਤੋਂ ਬਚਣ ਅਤੇ ਉਹਨਾਂ ਦਾ ਇਲਾਜ ਕਿਹੜੇ ਕਿਹੜੇ ਹਸਪਤਾਲ ਵਿੱਚ ਹੁੰਦਾ ਹੈ, ਸਬੰਧੀ ਜਾਗਰੂਕ ਕਰਨਾ ਏ। ਉਨ੍ਹਾਂ ਕਿਹਾ ਕਿ ਹਰੇਕ ਵਿਅਕਤੀ ਨੂੰ ਆਪਣੀ ਅਤੇ ਬੱਚਿਆਂ ਦੀ ਸਮੇਂ ਸਮੇਂ ਨਿਗਾਹ

ਦੀ ਜਾਂਚ ਮਾਹਿਰ ਡਾਕਟਰ ਤੋਂ ਕਰਵਾਉਂਦੇ ਰਹਿਣ ਤਾਂ ਜੋ ਉਸ ਦਾ ਸਮੇਂ ਸਿਰ ਇਲਾਜ ਕੀਤਾ ਜਾ ਸਕੇ ਅਤੇ ਜੇਕਰ ਐਨਕ ਦੀ ਜਰੂਰਤ ਹੋਵੇ ਤਾਂ ਉਸ ਨੂੰ ਐਨਕ ਲਗਾਈ ਜਾ ਸਕੇ।

-------------------------------------------------------------------------

ਵਿਸ਼ਵ ਸਿਹਤ ਮਾਨਸਿਕ ਮੌਕੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਜ਼ਿਲਾ ਫਤਿਹਗੜ੍ਹ ਸਾਹਿਬ ਦੇ ਪਿੰਡ ਫ਼ਤਹਿਪੁਰ ਅਰਾਈਆਂ ਵਿਖੇ ਵਿਸ਼ੇਸ਼ ਬੱਚਿਆਂ ਦੇ ਸਕੂਲ ਵਿੱਚ ਕਨਫਰਡੇਸ਼ਨ ਫਾਰ ਚੈਲੰਜਡ ਸੰਸਥਾ ਵਿਖੇ ਵਿਸ਼ੇਸ਼ ਜਾਗਰੂਕਤਾ ਸਮਾਗਮ ਕਰਵਾਇਆ ਗਿਆ। ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਕੱਤਰ ਅਸ਼ੋਕ ਕੁਮਾਰ ਨੇ ਕਿਹਾ ਕਿ ਵਿਸ਼ੇਸ਼ ਬੱਚੇ, ਹੋਰਨਾਂ ਬੱਚਿਆਂ ਨਾਲੋਂ ਕਿਸੇ ਪੱਖੋਂ ਵੀ ਘੱਟ ਨਹੀਂ ਹਨ ਅਤੇ ਇਨ੍ਹਾਂ ਬੱਚਿਆਂ ਨੇ ਨਿਰੰਤਰ ਹੱਲਾਸ਼ੇਰੀ ਸਦਕਾ ਸਮਾਜ ਦੇ ਕਈ ਖੇਤਰਾਂ ਵਿੱਚ ਮਿਸਾਲੀ ਪ੍ਰਾਪਤੀਆਂ ਕੀਤੀਆਂ ਉਨ੍ਹਾਂ ਇਹ ਵੀ ਕਿਹਾ ਕਿ ਸਪੈਸ਼ਲ ਬੱਚਿਆਂ ਨੂੰ ਅੱਗੇ ਵਧਣ ਦੇ ਮੌਕੇ ਪ੍ਰਦਾਨ ਕਰਨਾ ਸਾਡਾ ਸਾਰਿਆਂ ਦਾ ਫਰਜ਼ ਬਣਦਾ ਏ ਤਾਂ ਜੋ ਇਹ ਬੱਚੇ ਹੋਰ ਵੀ ਵਧੇਰੇ ਤਰੱਕੀਆਂ ਕਰ ਸਕਣ। ਊਨਾ ਕਿਹਾ ਕਿ ਜ਼ਿਲ੍ਹਾ ਕਾਨੂੰਨੀ

ਸੇਵਾਵਾਂ ਅਥਾਰਟੀ ਹਰੇਕ ਲੋੜਵੰਦ ਵਿਅਕਤੀ ਨੂੰ ਕਾਨੂੰਨੀ ਸਹਾਇਤਾ ਮੁਹੱਈਆ ਕਰਵਾਉਣ ਲਈ ਪੂਰੀ ਦ੍ਰਿੜਤਾ ਨਾਲ ਕੰਮ ਕਰ ਰਹੀ ਏ । ਉਨ੍ਹਾਂ ਸਕੂਲ ਦੇ ਪ੍ਰਬੰਧਕਾਂ ਨੂੰ ਕਿਹਾ ਕਿ ਜੇਕਰ ਕਿਸੇ ਵੀ ਬੱਚੇ ਜਾਂ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਕਾਨੂੰਨੀ ਸਹਾਇਤਾ ਦੀ ਲੋੜ ਹੋਵੇ ਤਾਂ ਉਹ ਬੇਝਿਜਕ ਉਨ੍ਹਾਂ ਦੇ ਦਫ਼ਤਰ ਵਿਖੇ ਆ ਕੇ ਸੇਵਾਵਾਂ ਹਾਸਲ ਕਰ ਸਕਦੇ ਹਨ।

---------------------------------------------------------------------------

ਯੰਗ ਇਨੋਵੇਟਵ ਫੋਰਮਰ ਸੰਸਥਾ ਦੇ ਵਲੋ ਗੁਰਦਾਸਪੁਰ ਦੇ ਹਲਕਾ ਡੇਰਾ ਬਾਬਾ ਨਾਨਕ ਦੇ ਵਿੱਚ ਹੜ ਨਾਲ ਨੁਕਸਾਨੇ ਹੋਏ 5 ਪਿੰਡਾਂ ਦੀ 1200 ਏਕੜ ਜਮੀਨ ਨੂੰ ਸਾਫ ਕਰਕੇ ਕਣਕ ਦੀ ਬਜਾਈ ਕਰਨ ਦੀ ਸੇਵਾ ਕਰਨ ਦੀ ਜੁੰਮੇਵਾਰੀ ਚੁੱਕੀ ਏ | ਸੰਸਥਾ ਦੇ ਮੈਂਬਰਾਂ ਦੇ ਵੱਲੋਂ ਅੱਜ ਪਿੰਡ ਬਰਿਆਰ ਦੇ ਵਿੱਚ ਪਹੁੰਚ ਕੇ ਇਹ ਸੇਵਾ ਆਰੰਭ ਕੀਤੀ । ਸੰਸਥਾ ਦੇ ਮੈਂਬਰਾਂ ਨੇ ਦੱਸਿਆ ਕਿ ਕਿ ਸੰਸਥਾ ਦੇ ਵਿੱਚ ਤਕਰੀਬਨ 250 ਤੋਂ ਵਧ ਮੈਂਬਰ ਪੂਰੇ ਭਾਰਤ ਤੋਂ ਮੌਜੂਦ ਹਨ ਜੋ ਸਮੇਂ ਸਮੇਂ ਤੇ ਲੋੜਵੰਦ ਲੋਕਾਂ ਦੀ ਮਦਦ ਕਰਦੇ ਰਹਿੰਦੇ ਹਨ ਹੜਾਂ ਦੇ ਵਿੱਚ ਵਿੱਚ ਵੀ ਹੜ ਪ੍ਰਭਾਵਿਤ ਲੋਕਾਂ ਨੂੰ ਰਾਸ਼ਨ ਸਮੱਗਰੀ ਪੁੱਜਦਾ ਕਰਨ ਤੋਂ ਇਲਾਵਾ ਹਰ ਪ੍ਰਕਾਰ ਦੀ ਮਦਦ

ਕੀਤੀ ਗਈ ਏ ਅਤੇ ਹੁਣ ਉਹਨਾਂ ਦੇ ਵੱਲੋਂ 1200 ਏਕੜ ਖੇਤ ਜੋ ਕਿ ਹੜ ਦੇ ਨਾਲ ਖਰਾਬ ਹੋ ਚੁੱਕੇ ਸਨ ਉਹਨਾਂ ਨੂੰ ਸਾਫ ਕਰ ਕਿਸਾਨਾਂ ਨੂੰ ਕਣਕ ਦੀ ਬਜਾਈ ਕਰ ਦੇਣ ਦੀ ਸੇਵਾ ਅੱਜ ਪਿੰਡ ਬਰਿਆਰ ਤੋਂ ਸੁਰੂ ਕੀਤੀ ਗਈ ਏ | ਡਿਪਟੀ ਕਮਿਸ਼ਨਰ ਗੁਰਦਾਸਪੁਰ ਦਲਵਿੰਦਰਜੀਤ ਸਿੰਘ ਸੈਣੀ ਨੇ ਕਿਹਾ ਕਿ ਸੰਸਥਾ ਨੂੰ ਪ੍ਰਸ਼ਾਸਨ ਦੇ ਤੌਰ ਤੇ ਹਰ ਤਰ੍ਹਾਂ ਦੀ ਮਦਦ ਦਿੱਤੀ ਜਾਵੇਗੀ ਤਾਂ ਜੌ ਕਿਸਾਨਾਂ ਦੀ ਜ਼ਮੀਨ ਨੂੰ ਮੁੜ ਤੋਂ ਉਪਜਾਊ ਜਮੀਨ ਬਣਾਇਆ ਜਾ ਸਕੇ ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਮੁੰਬਈ ਵਿੱਚ ਬ੍ਰਿਟੇਨ ਦੇ ਪ੍ਰਧਾਨ ਮੰਤਰੀ ਕੀਰ ਸਟਾਰਮਰ ਨਾਲ ਵਫ਼ਦ ਪੱਧਰੀ ਗੱਲਬਾਤ ਕੀਤੀ- ਦੋਵਾਂ ਆਗੂਆਂ ਨੇ ਸਿੱਖਿਆ, ਤਕਨਾਲੋਜੀ, ਰੱਖਿਆ ਅਤੇ ਮਹੱਤਵਪੂਰਨ ਖਣਿਜਾਂ ਵਰਗੇ ਪ੍ਰਮੁੱਖ ਖੇਤਰਾਂ ਵਿੱਚ ਆਰਥਿਕ ਸਹਿਯੋਗ ਵਧਾਉਣ ਦੀ ਆਪਣੀ ਵਚਨਬੱਧਤਾ ਦੁਹਰਾਈ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵਲੋਂ ਬਠਿੰਡਾ ਦੇ ਪਿੰਡ ਕਾਲਝਰਾਣੀ ਤੋਂ 3100 ਤੋਂ ਵੱਧ ਅਤਿ-ਆਧੁਨਿਕ ਸਟੇਡੀਅਮਾਂ ਦੇ ਨਿਰਮਾਣ ਪ੍ਰਾਜੈਕਟ ਦੀ ਸ਼ੁਰੂਆਤ ।

- ਭਾਰਤੀ ਜਨਤਾ ਪਾਰਟੀ ਪੰਜਾਬ ਦੇ ਜਨਰਲ ਸਕੱਤਰ ਅਨਿਲ ਸਰੀਨ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸੂਬੇ ਵਿੱਚ ਆਏ ਹੜ੍ਹਾਂ ਨਾਲ ਨਜਿੱਠਣ ਵਿੱਚ ਮੁਕੰਮਲ ਅਸਫ਼ਲਤਾ ਨੂੰ ਲੈ ਕੇ ਇੱਕ ਚਾਰਜਸ਼ੀਟ ਜਾਰੀ ਕੀਤੀ।
- ਪੰਜਾਬ ਦੇ ਉੱਘੇ ਗਾਇਕ ਰਾਜਵੀਰ ਜਵੰਦਾ ਦਾ ਅੱਜ ਉਨ੍ਹਾਂ ਦੇ ਜੱਦੀ ਪਿੰਡ ਪੋਨਾ ਵਿੱਚ ਅੰਤਿਮ ਸਸਕਾਰ ਕੀਤਾ ਗਿਆ।
- ਪੰਜਾਬ ਪੁਲਿਸ ਨੇ ਬੱਬਰ ਖਾਲਸਾ ਇੰਟਰਨੈਸ਼ਨਲ ਦੇ ਦਹਿਸ਼ਤਗਰਦੀ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਇਸਦੇ ਦੇ 2 ਕਾਰਕੁਨਾਂ ਨੂੰ ਢਾਈ ਕਿਲੋਗ੍ਰਾਮ ਵਿਸਫੋਟਕ ਸਮੱਗਰੀ ਆਰ.ਡੀ.ਐਕਸ ਸਮੇਤ ਕੀਤਾ ਗ੍ਰਿਫ਼ਤਾਰ।

**ਇਸਦੇ ਨਾਲ ਹੀ ਪ੍ਰਾਦੇਸ਼ਿਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ!**